Regd. No. NW/CH-22 Regd. No. CHD/0092/2018-2020

Punjab Government Gazette

EXTRAORDINARY

Published by Authority

CHANDIGARH, FRIDAY, AUGUST 7, 2020 (SRAVANA 16, 1942 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

(ਸਥਾਨਕ ਸਰਕਾਰ-3 ਸ਼ਾਖਾ)

ਅਧਿਸੂਚਨਾ

ਮਿਤੀ 7 ਅਗਸਤ, 2020

ਨੰ: 16/13/2020-4ਸਸ3/2096.-ਜਿਵੇਂ ਕਿ ਨਗਰ ਕੌਂਸਲ, ਬੁਢਲਾਡਾ ਵੱਲੋਂ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 28 ਮਿਤੀ; 29.9.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ ਅਖਬਾਰ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ, ਇਤਰਾਜ ਪ੍ਰਾਪਤ ਨਾ ਹੋਣ ਕਾਰਨ ਨਗਰ ਕੌਂਸਲ, ਬੁਢਲਾਡਾ ਵੱਲੋਂ ਮਤਾ ਨੰ: 77 ਮਿਤੀ; 08.06.2016 ਨੂੰ ਫਾਈਨਲ ਨੋਟੀਫਿਕੇਸ਼ਨ ਕਰਾਉਣ ਲਈ ਮਤਾ ਪ੍ਰਵਾਨ ਕੀਤਾ ਗਿਆ।

2. ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਬੁਢਲਾਡਾ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

ਲੜੀ ਨੰ:	ਆਈਟਮ ਦਾ ਨਾਮ	ਪ੍ਰਤੀ ਆਈਟਮ ਫੀਸ (ਕਾਓ ਸੈਸ)	ਕੁਲੈਕਟਿੰਗ ਏਜੰਸੀ ਦਾ ਨਾਮ
1	ਤੇਲ ਟੈਂਕਰ ਪ੍ਰਤੀ ਚੱਕਰ	100/- ਰੁਪਏ	ਨਗਰ ਕੌਂਸਲ, ਬੁਢਲਾਡਾ
2	ਬਿਜਲੀ ਪ੍ਰਤੀ ਯੂਨਿਟ	2 ਪੈਸੇ	ਉਪ ਮੰਡਲ ਇੰਜਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਬੁਢਲਾਡਾ
3	ਸੀਮਿੰਟ ਪ੍ਰਤੀ ਬੈਗ	01/- ਰੁਪਏ	ਨਗਰ ਕੌਂਸਲ, ਬੁਢਲਾਡਾ
4	ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ	1000/- ਰੁਪਏ	ਨਗਰ ਕੌਂਸਲ, ਬੁਢਲਾਡਾ

5	ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ	500/- ਰੁਪਏ	ਨਗਰ ਕੌਂਸਲ, ਬੁਢਲਾਡਾ
6	ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ	1000/- ਰੁਪਏ	ਰੀਜ਼ਨਲ ਟਰਾਂਸਪੋਰਟ ਅਥਾਰਟੀ, ਮਾਨਸਾ
7	ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ	200/- ਰੁਪਏ	ਰੀਜ਼ਨਲ ਟਰਾਂਸਪੋਰਟ ਅਥਾਰਟੀ, ਮਾਨਸਾ

ਨੋਟ: ਸ਼ਰਾਬ/ਬੀਅਰ ਤੇ ਕਰ ਵਿਭਾਗ ਵੱਲੋਂ ਲਾਇਸੰਸ ਫੀਸ ਲਗਾਈ ਗਈ ਹੈ। ਇਹ ਆਮਦਨ ਕਾਓ ਸੈਸ ਦੇ ਰੱਖ-ਰਖਾਓ ਲਈ ਵਰਤੀ ਜਾਣੀ ਹੈ।

ਸੰਜੇ ਕੁਮਾਰ, ਆਈ.ਏ.ਐਸ.,
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਚੰਡੀਗੜ੍ਹ
ਮਿਤੀ 6 ਅਗਸਤ, 2020

2077/8-2020/Pb. Govt. Press, S.A.S. Nagar